ਅਜੀਤ, ਜਲੰਧਰ

ਲੁਧਿਆਣਾ ਅਜੀਤ

7

ਸੋਮਵਾਰ, 9 ਦਸੰਬਰ 2024

68ਵੀਆਂ ਰਾਸ਼ਟਰੀ ਖੇਡਾਂ ਨੂੰ ਸੁਚਾਰੂ ਢੰਗ ਨਾਲ ਕਰਵਾਉਣ ਲਈ ਅਧਿਕਾਰੀਆਂ ਨਾਲ ਮੀਟਿੰਗ ਕਰਦੇ ਹੋਏ ਡੀ. ਸੀ. ਲੁਧਿਆਣਾ ਜਤਿੰਦਰ ਜੋਰਵਾਲ। ਅਜੀਤ ਤਸਵੀਰ

ਸਿੱਖਿਆ ਮੰਤਰੀ ਹਰਜੋਤ ਬੈਂਸ ਕਰਨਗੇ 68ਵੀਆਂ ਰਾਸ਼ਟਰੀ ਸਕੂਲ ਖੇਡਾਂ ਦਾ ਉਦਘਾਟਨ

ਸਾਰੇ ਰਾਜਾਂ, ਕੇਂਦਰ ਸ਼ਾਸਿਤ ਪ੍ਰਦੇਸ਼ਾਂ ਦੇ 3500 ਖਿਡਾਰੀ ਲੈਣਗੇ ਭਾਗ-ਜਤਿੰਦਰ ਜੋਰਵਾਲ

ਲੁਧਿਆਣਾ, 8 ਦਸੰਬਰ (ਜਸਵਿੰਦਰ ਸਿੰਘ)-ਡਿਪਟੀ ਕਮਿਸ਼ਨਰ ਜਤਿੰਦਰ ਜੋਰਵਾਲ ਨੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਹੈ ਕਿ ਉਹ 11 ਤੋਂ 17 ਦਸੰਬਰ ਤੱਕ ਲੁਧਿਆਣਾ ਵਿਖੇ ਹੋਣ ਵਾਲੀਆਂ 68ਵੀਆਂ ਨੈਸ਼ਨਲ ਸਕੂਲ ਖੇਡਾਂ ਲਈ ਪੁਖ਼ਤਾ ਪ੍ਰਬੰਧ ਯਕੀਨੀ ਬਣਾਉਣ। ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਹੋਈ ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਖੇਡਾਂ 'ਚ ਭਾਗ ਲੈਣ ਵਾਲਿਆਂ ਨੂੰ ਕਿਸੇ ਵੀ ਤਰ੍ਹਾਂ ਦੀ ਅਸੁਵਿਧਾ ਤੋਂ ਬਚਣ ਲਈ ਰਿਹਾਇਸ਼, ਭੋਜਨ, ਸੁਰੱਖਿਆ, ਮੈਡੀਕਲ ਸੇਵਾਵਾਂ ਤੇ ਆਵਾਜਾਈ ਦੇ ਢੁਕਵੇਂ ਪ੍ਰਬੰਧ ਕਰਨ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਜਤਿੰਦਰ ਜੋਰਵਾਲ ਨੇ ਦੱਸਿਆ ਕਿ ਕੇਂਦਰੀ ਵਿਦਿਆਲਿਆ, ਨਵੋਦਿਆ ਵਿਦਿਆਲਿਆ ਅਤੇ ਵਿੱਦਿਆ ਭਾਰਤੀ ਸਕੂਲਾਂ ਸਮੇਤ ਸਾਰੇ ਰਾਜਾਂ, ਕੇਂਦਰ ਸ਼ਾਸਿਤ ਪ੍ਰਦੇਸ਼ਾਂ ਅਤੇ ਹੋਰ ਸਿੱਖਿਆ ਸੰਸਥਾਵਾਂ ਦੇ 3500 ਤੋਂ ਵੱਧ ਖਿਡਾਰੀ ਚਾਰ ਖੇਡਾਂ ਵਿਚ ਹਿੱਸਾ ਲੈਣਗੇ। ਨੈੱਟਬਾਲ (ਅੰਡਰ-17 ਲੜਕੇ ਅਤੇ ਲੜਕੀਆਂ), ਹੈਂਡਬਾਲ (ਅੰਡਰ-19 ਲੜਕੇ ਅਤੇ ਲੜਕੀਆਂ), ਜੂਡੋ (ਅੰਡਰ-19 ਲੜਕੇ ਅਤੇ ਲੜਕੀਆਂ) ਅਤੇ ਕਰਾਟੇ (ਅੰਡਰ-14 ਲੜਕੇ ਅਤੇ ਕੁੜੀਆਂ)। ਇਹ ਮੈਚ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ (ਪੀ. ਏ. ਯੂ.), ਗੁਰੂ ਨਾਨਕ ਸਟੇਡੀਅਮ ਵਿਖੇ ਮਲਟੀਪਰਪਜ਼ ਹਾਲ ਤੇ ਬੀ. ਵੀ. ਐਮ. ਸਕੂਲ ਸਮੇਤ ਵੱਖ-ਵੱਖ ਥਾਵਾਂ 'ਤੇ ਕਰਵਾਏ ਜਾਣਗੇ। ਉਨ੍ਹਾਂ ਅਧਿਕਾਰੀਆਂ ਨੂੰ ਸੁਰੱਖਿਆ ਲਈ ਪੁਲਿਸ ਕੰਟਰੋਲ ਰੂਮ (ਪੀ. ਸੀ. ਆਰ.) ਟੀਮਾਂ ਤਾਇਨਾਤ ਕਰਨ ਦੇ ਨਾਲ-ਨਾਲ ਇਨ੍ਹਾਂ ਥਾਵਾਂ 'ਤੇ ਸੀ. ਸੀ. ਟੀ. ਵੀ. ਕੈਮਰੇ ਲਗਾਉਣ ਦੇ ਵੀ ਨਿਰਦੇਸ਼ ਦਿੱਤੇ। ਇਨ੍ਹਾਂ ਖੇਡਾਂ ਦਾ ਉਦਘਾਟਨ ਸਕੂਲ ਸਿੱਖਿਆ ਮੰਤਰੀ ਪੰਜਾਬ ਹਰਜੋਤ ਸਿੰਘ ਬੈਂਸ 11 ਦਸੰਬਰ ਨੂੰ ਗੁਰੂ ਨਾਨਕ ਸਟੇਡੀਅਮ ਲੁਧਿਆਣਾ ਵਿਖੇ ਕਰਨਗੇ। ਸੁਚਾਰੂ ਸੰਚਾਲਨ ਨੂੰ ਯਕੀਨੀ ਬਣਾਉਣ ਲਈ ਜਤਿੰਦਰ ਜੋਰਵਾਲ ਨੇ ਸਿੱਖਿਆ ਤੇ ਖੇਡ ਵਿਭਾਗਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਸਹਿਯੋਗ ਕਰਨ ਲਈ ਵੀ ਕਿਹਾ ਅਤੇ ਉਨ੍ਹਾਂ ਦੇ ਸੀਨੀਅਰ ਅਧਿਕਾਰੀ ਖਿਡਾਰੀਆਂ ਲਈ ਰਿਹਾਇਸ਼ ਤੇ ਯਾਤਰਾ ਸੰਬੰਧੀ ਪ੍ਰਬੰਧਾਂ ਲਈ ਨਿੱਜੀ ਤੌਰ 'ਤੇ ਨਿਗਰਾਨੀ ਕਰਨ। ਮੀਟਿੰਗ 'ਚ ਵਧੀਕ ਡਿਪਟੀ ਕਮਿਸ਼ਨਰ (ਜ) ਅਮਰਜੀਤ ਬੈਂਸ, ਜ਼ਿਲ੍ਹਾ ਸਿੱਖਿਆ ਅਫ਼ਸਰ ਡਿੰਪਲ ਮਦਾਨ, ਡੀ. ਐਸ. ਓ. ਕੁਲਦੀਪ ਚੁੱਘ ਅਤੇ ਹੋਰ ਵੀ ਹਾਜ਼ਰ ਸਨ।

ਡਾਕਟਰਾਂ ਵਲੋਂ ਜੰਗਾਂ ਨੂੰ ਤੁਰੰਤ ਖ਼ਤਮ ਕਰਨ ਤੇ ਯੁੱਧ ਖੇਤਰਾਂ 'ਚ ਸਿਹਤ ਸਹੂਲਤਾਂ ਦੀ ਸੁਰੱਖਿਆ ਦੀ ਗਰੰਟੀ ਦੀ ਮੰਗ

ਲੁਧਿਆਣਾ, 8 ਦਸੰਬਰ (ਡਾ. ਤਰਲੋਚਨ ਸਿੰਘ)-ਇੰਡੀਅਨ ਡਾਕਟਰਜ਼ ਫ਼ਾਰ ਪੀਸ ਐਂਡ ਡਿਵੈਲਪਮੈਂਟ ਵਲੋਂ ਇਕ ਦਸੰਬਰ ਨੂੰ ਨਵੀਂ ਦਿੱਲੀ ਵਿਖੇ 'ਜਾਰੀ ਜੰਗਾਂ ਵਿਚ ਸਿਹਤ ਅਤੇ ਮਨੁੱਖਤਾਵਾਦੀ ਸੰਕਟ-ਅੱਗੇ ਦਾ ਰਾਹ' ਬਾਰੇ ਵਿਚਾਰ ਕਰਨ ਲਈ ਇਕ ਅੰਤਰਰਾਸ਼ਟਰੀ ਸੈਮੀਨਾਰ ਕਰਵਾਇਆ, ਜਿਸ 'ਚ ਇੰਟਰਨੈਸ਼ਨਲ ਫਿਜ਼ੀਸ਼ੀਅਨਜ਼ ਫ਼ਾਰ ਪ੍ਰੀਵੈਨਸ਼ਨ ਆਫ ਨਿਊਕਲੀਅਰ ਵਾਰ ਦੇ ਵੱਖ -ਵੱਖ ਸਹਿਯੋਗੀਆਂ, ਆਸਟ੍ਰੇਲੀਆ, ਨਿਪਾਲ, ਸ੍ਰੀਲੰਕਾ ਸਮੇਤ ਭਾਰਤ ਦੇ ਵੱਖ-ਵੱਖ ਰਾਜਾਂ ਦੇ ਡਾਕਟਰਾਂ ਨੇ ਭਾਗ ਲਿਆ। ਇਸ ਮੌਕੇ ਉਨ੍ਹਾਂ ਨੇ ਵਿਸ਼ਵ ਦੇ ਵੱਖ-ਵੱਖ ਹਿੱਸਿਆਂ 'ਚ ਚੱਲ ਰਹੇ ਯੁੱਧਾਂ ਕਾਰਨ ਪੈਦਾ ਹੋ ਰਹੇ ਸਿਹਤ ਤੇ ਮਨੁੱਖੀ ਸੰਕਟ 'ਤੇ ਗੰਭੀਰ ਚਿੰਤਾ ਪ੍ਰਗਟਾਈ। ਇਸ ਮੌਕੇ ਵੱਖ-ਵੱਖ ਮਾਹਰਾਂ 'ਚ ਸੀਨੀਅਰ ਪੱਤਰਕਾਰ ਕਮਰ ਆਗਾ, ਮੇਜਰ ਜਨਰਲ (ਸੇਵਾਮੁਕਤ) ਵਿਨੋਦ ਸਹਿਗਲ, ਦਿੱਲੀ ਯੂਨੀਵਰਸਿਟੀ ਤੋਂ ਸੇਵਾਮੁਕਤ ਪ੍ਰੋ. ਅਚਿਨ ਵਿਨਾਇਕ ਤੇ ਵਿਸ਼ਵ ਸ਼ਾਂਤੀ ਕੌਂਸਲ ਦੇ ਪ੍ਰਧਾਨ ਪੱਲਬ ਸੇਨ ਗੁਪਤਾ, ਡਾ. ਅਸ਼ੋਕਾ ਹੇਤਿਆਰਾਚੀ, ਪ੍ਰਧਾਨ ਸ੍ਰੀਲੰਕਾਈ ਡਾਕਟਰਜ਼ ਫ਼ਾਰ ਪੀਸ ਐਂਡ ਡਿਵੈਲਪਮੈਂਟ, ਡਾ. ਗਣੇਸ਼ ਗੁਰੂੰਗ ਪ੍ਰਧਾਨ ਫਿਜ਼ੀਸ਼ੀਅਨਜ਼ ਫ਼ਾਰ ਸੋਸ਼ਲ ਰਿਸਪਾਂਸੀਬਿਲਟੀ ਨਿਪਾਲ, ਆਈ. ਡੀ. ਪੀ. ਡੀ. ਦੇ ਡਾ. ਐਸ. ਐਸ. ਸੂਦਨ ਸਰਪ੍ਰਸਤ, ਡਾ. ਅਰੁਣ ਮਿੱਤਰਾ ਪ੍ਰਧਾਨ, ਡਾ. ਸ਼ਕੀਲ ਉਰ ਰਹਿਮਾਨ ਜਨਰਲ ਸਕੱਤਰ ਨੇ ਵੀ ਸੰਬੋਧਨ ਕੀਤਾ। ਆਸਟ੍ਰੇਲੀਆ ਤੋਂ ਆਈ. ਪੀ. ਪੀ. ਐਨ. ਡਬਲਿਊ. ਦੇ ਬੋਰਡ ਦੀ ਚੇਅਰਪਰਸਨ ਡਾ. ਰੂਥ ਮਿਸ਼ੇਲ ਨੇ ਕਿਹਾ ਕਿ ਸਤੰਬਰ 2024 'ਚ ਮੈਕਸੀਕੋ ਵਿਚ ਇਕ ਕਾਨਫ਼ਰੰਸ ਵਿਚ ਨੋਬਲ ਪੁਰਸਕਾਰ ਜੇਤੂਆਂ ਨੇ ਹਥਿਆਰਾਂ ਦੀ ਵੱਧ ਰਹੀ ਦੌੜ 'ਤੇ ਗੰਭੀਰ ਚਿੰਤਾ ਜ਼ਾਹਿਰ ਕੀਤੀ ਹੈ ਜੋ ਕਿ ਪ੍ਰਮਾਣੂ ਖ਼ਤਰੇ 'ਚ ਵਧਣ ਨਾਲ ਹੋਰ ਵੀ ਗੰਭੀਰ ਅਤੇ ਘਾਤਕ ਹੈ। ਉਸ ਸਥਿਤੀ 'ਚ ਸਾਡੇ ਕੋਲ ਕੋਈ ਡਾਕਟਰੀ ਇਲਾਜ ਨਹੀਂ ਹੈ। ਇਸ ਦਾ ਇਕੋ ਇਕ ਜਵਾਬ ਹੈ, ਨਿਸ਼ਸਤਰੀਕਰਨ ਤੇ ਪ੍ਰਮਾਣੂ ਹਥਿਆਰਾਂ ਦੇ ਮੁਕੰਮਲ ਖ਼ਾਤਮੇ ਲਈ ਇਕਮੁੱਠ ਆਵਾਜ਼ ਉਠਾਉਣਾ। ਭਾਗੀਦਾਰਾਂ 'ਚ ਵਿਚਾਰ ਵਟਾਂਦਰੇ ਤੋਂ ਬਾਅਦ ਇਕ ਮਤਾ ਪਾਸ ਕੀਤਾ, ਜਿਸ 'ਚ ਉਨ੍ਹਾਂ ਨੇ ਸਿਹਤ ਸਹੂਲਤਾਂ ਅਤੇ ਸਿਹਤ ਕਰਮਚਾਰੀਆਂ 'ਤੇ ਹਮਲਿਆਂ ਨੂੰ ਰੋਕਣ ਵਿਚ ਵਿਸ਼ਵ ਭਾਈਚਾਰੇ ਦੀ ਨਾਕਾਮੀ 'ਤੇ ਗ਼ੁੱਸਾ ਜ਼ਾਹਿਰ ਕੀਤਾ। ਸਿਹਤ ਸੰਭਾਲ ਸਹੂਲਤਾਂ, ਸਿਹਤ ਕਰਮਚਾਰੀਆਂ ਤੇ ਨਿਰਦੋਸ਼ ਨਾਗਰਿਕਾਂ 'ਤੇ ਹਮਲੇ ਨੂੰ ਰੋਕਣ ਲਈ ਤੁਰੰਤ ਕਦਮ ਚੁੱਕਣ, ਜੰਗ ਪ੍ਰਭਾਵਿਤ ਖੇਤਰਾਂ ਵਿਚ ਹਰ ਤਰ੍ਹਾਂ ਦੀ ਮਾਨਵਤਾਵਾਦੀ ਸਹਾਇਤਾ ਦੀ ਬਹਾਲੀ, ਇਨ੍ਹਾਂ ਯੁੱਧਾਂ ਦੌਰਾਨ ਤਬਾਹ ਹੋਏ ਬੁਨਿਆਦੀ ਢਾਂਚੇ ਦੇ ਨਿਰਮਾਣ ਲਈ ਤੁਰੰਤ ਕਦਮ ਚੁੱਕਣ ਦੀ ਮੰਗ ਕੀਤੀ ਗਈ ਹੈ।

ਸੈਮੀਨਾਰ ਦੌਰਾਨ ਡਾ. ਐਸ. ਐਸ. ਸੂਦਨ ਸੰਬੋਧਨ ਕਰਦੇ ਹੋਏ। ਮੰਚ 'ਤੇ ਬੈਠੇ ਡਾ. ਅਰੁਣ ਮਿੱਤਰਾ ਤੇ ਹੋਰ। ਅਜੀਤ ਤਸਵੀਰ

ਹਲਕਾ ਪੂਰਬੀ ਦੇ ਵਿਧਾਇਕ ਦਲਜੀਤ ਸਿੰਘ ਗਰੇਵਾਲ ਭੋਲਾ ਵਾਰਡ ਨੰ: 19 ਵਿਖੇ ਵਿਕਾਸ ਕਾਰਜਾਂ ਦਾ ਉਦਘਾਟਨ ਕਰਦੇ ਹੋਏ। ਤਸਵੀਰ : ਸੇਵਕ ਸਿੰਘ

ਵਿਧਾਇਕ ਗਰੇਵਾਲ ਵਲੋਂ ਵਾਰਡ ਨੰ: 19 'ਚ 2.9 ਕਰੋੜ ਦੀ ਲਾਗਤ ਵਾਲੇ ਵਿਕਾਸ ਪ੍ਰਾਜੈਕਟਾਂ ਦਾ ਉਦਘਾਟਨ

ਲੁਧਿਆਣਾ, 8 ਦਸੰਬਰ (ਡਾ. ਤਰਲੋਚਨ ਸਿੰਘ)-ਵਿਧਾਨ ਸਭਾ ਹਲਕਾ ਲੁਧਿਆਣਾ ਪੂਰਬੀ ਦੇ ਵਿਧਾਇਕ ਦਲਜੀਤ ਸਿੰਘ ਗਰੇਵਾਲ ਭੋਲਾ ਵਲੋਂ ਵਾਰਡ ਨੰ: 19 ਵਿਖੇ ਕਰੀਬ 2.9 ਕਰੋੜ ਦੀ ਲਾਗਤ ਨਾਲ ਹੋਣ ਜਾ ਰਹੇ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ। ਇਸ ਮੌਕੇ ਵਿਧਾਇਕ ਗਰੇਵਾਲ ਨੇ ਕਿਹਾ ਕਿ ਹਲਕਾ ਪੂਰਬੀ ਅਧੀਨ ਪੈਂਦੇ ਹਰ ਵਾਰਡ 'ਚ ਵਿਕਾਸ ਦੇ ਕੰਮ ਪੂਰੀ ਰਫ਼ਤਾਰ ਨਾਲ ਕਰਵਾਏ ਜਾ ਰਹੇ ਹਨ। ਇਸੇ ਹੀ ਲੜੀ ਤਹਿਤ ਵਾਰਡ ਨੰਬਰ 19 ਵਿਖੇ ਵਾਰਡ ਵਾਸੀਆਂ ਦੀ ਪਿਛਲੇ ਲੰਬੇ ਸਮੇਂ ਤੋਂ ਕੀਤੀ ਜਾ ਰਹੀ ਮੰਗ ਨੂੰ ਪੂਰਾ ਕਰਦੇ ਹੋਏ ਬਰਸਾਤੀ ਪਾਣੀ ਦੀ ਨਿਕਾਸੀ ਲਈ ਪਾਈਪਾਂ ਪਾਉਣ ਦੇ ਕੰਮਾਂ ਦੇ ਉਦਘਾਟਨ ਕੀਤੇ ਗਏ ਹਨ ਤੇ ਆਉਣ ਵਾਲੇ ਦਿਨਾਂ 'ਚ ਇਨ੍ਹਾਂ ਕੰਮਾਂ ਨੂੰ ਮੁਕੰਮਲ ਕਰ ਲਿਆ ਜਾਵੇਗਾ। ਉਨ੍ਹਾਂ ਕਿਹਾ ਕਿ ਇਨ੍ਹਾਂ ਵਿਕਾਸ ਕਾਰਜਾਂ 'ਤੇ ਕਰੀਬ 2 ਕਰੋੜ 9 ਲੱਖ ਰੁਪਏ ਦੀ ਲਾਗਤ ਆਵੇਗੀ ਅਤੇ ਇਹਨਾਂ ਦੇ ਮੁਕੰਮਲ ਹੋਣ ਨਾਲ 39 ਸੈਕਟਰ, ਮੋਤੀ ਨਗਰ, ਨਿਊ ਮੋਤੀ ਨਗਰ ਅਤੇ ਹੋਰ ਨੇੜਲੇ ਇਲਾਕੇ ਦੇ ਵਸਨੀਕਾਂ ਨੂੰ ਬਰਸਾਤਾਂ ਦੇ ਸਮੇਂ ਆ ਰਹੀ ਮੁਸ਼ਕਿਲ ਤੋਂ ਛੁਟਕਾਰਾ ਮਿਲੇਗਾ। ਉਨ੍ਹਾਂ ਕਿਹਾ ਕਿ ਹਲਕਾ ਪੂਰਬੀ 'ਚ ਵਿਕਾਸ ਪੱਖੋਂ ਕਿਸੇ ਤਰ੍ਹਾਂ ਦੀ ਕੋਈ ਕਮੀ ਨਹੀਂ ਹਲਕੇ ਦੇ ਜ਼ਿਆਦਾਤਰ ਵਿਕਾਸ ਕਾਰਜ ਮੁਕੰਮਲ ਕੀਤੇ ਜਾ ਚੁੱਕੇ ਹਨ, ਬਾਕੀ ਰਹਿੰਦੇ ਕੰਮ ਜਲਦ ਮੁਕੰਮਲ ਕੀਤੇ ਜਾਣਗੇ। ਇਸ ਮੌਕੇ ਮੈਡਮ ਨਿਧੀ ਗੁਪਤਾ, ਰਜਨੀ ਮਹਿਤਾ, ਪੰਕਜ ਮਹਿਤਾ, ਅਮਰਜੀਤ ਸਿੰਘ, ਇੰਦਰਪ੍ਰੀਤ ਮਿੰਕੂ, ਪਲਵਿੰਦਰ ਗਿੰਦਰਾ, ਰਮੇਸ਼ ਪਿੰਕਾ, ਮਨਜੀਤ ਚੌਹਾਨ ਅਤੇ ਵਿਧਾਇਕ ਪੀਏ ਗੁਰਸ਼ਰਨਦੀਪ ਸਿੰਘ ਤੋਂ ਇਲਾਵਾ ਵੱਡੀ ਗਿਣਤੀ 'ਚ ਇਲਾਕਾ ਵਾਸੀ ਹਾਜ਼ਰ ਸਨ।

ਵਿਧਾਇਕ ਅਸ਼ੋਕ ਪਰਾਸ਼ਰ ਪੱਪੀ ਹਲਕਾ ਕੇਂਦਰੀ ਅਧੀਨ ਪੈਂਦੇ ਵੱਖ-ਵੱਖ ਇਲਾਕਿਆਂ ਵਿਚ ਵਿਕਾਸ ਪ੍ਰਾਜੈਕਟਾਂ ਦਾ ਉਦਘਾਟਨ ਕਰਦੇ ਹੋਏ। ਅਜੀਤ ਤਸਵੀਰ

ਵਿਧਾਇਕ ਪਰਾਸ਼ਰ ਵਲੋਂ ਪਾਣੀ-ਸੀਵਰ ਲਾਈਨ ਵਿਛਾਉਣ ਤੇ ਟਿਊਬਵੈੱਲ ਲਗਾਉਣ ਲਈ 74 ਲੱਖ ਤੋਂ ਵੱਧ ਦੇ ਪ੍ਰਾਜੈਕਟਾਂ ਦਾ ਉਦਘਾਟਨ

ਲੁਧਿਆਣਾ, 8 ਦਸੰਬਰ (ਡਾ. ਤਰਲੋਚਨ ਸਿੰਘ)-ਹਲਕਾ ਕੇਂਦਰੀ ਦੇ ਵਿਧਾਇਕ ਅਸ਼ੋਕ ਪਰਾਸ਼ਰ ਪੱਪੀ ਵਲੋਂ ਲੁਧਿਆਣਾ ਕੇਂਦਰੀ ਅਧੀਨ ਪੈਂਦੇ ਵੱਖ-ਵੱਖ ਇਲਾਕਿਆਂ 'ਚ 74 ਲੱਖ ਰੁਪਏ ਤੋਂ ਵੱਧ ਦੇ ਪ੍ਰਾਜੈਕਟਾਂ ਦਾ ਉਦਘਾਟਨ ਕੀਤਾ। ਇਨ੍ਹਾਂ 'ਚ ਕਰੀਬ 37.37 ਲੱਖ ਰੁਪਏ ਦੀ ਲਾਗਤ ਨਾਲ ਬੁੱਢੇ ਨਾਲੇ ਦੇ ਨਾਲ-ਨਾਲ ਸੁੰਦਰ ਨਗਰ ਪੁਲੀ ਤੋਂ ਮਾਧੋਪੁਰੀ ਪੁਲੀ ਤੱਕ ਪਾਣੀ-ਸੀਵਰ ਲਾਈਨ ਵਿਛਾਉਣ ਦਾ ਪ੍ਰਾਜੈਕਟ ਸ਼ਾਮਿਲ ਹੈ। ਇਸ ਤੋਂ ਇਲਾਵਾ ਵਿਧਾਇਕ ਪਰਾਸ਼ਰ ਨੇ ਬਾਂਗੜੂ ਮੁਹੱਲਾ ਤੇ ਰਣਜੀਤ ਪਾਰਕ ਇਲਾਕਾ 'ਚ ਨਵੇਂ ਟਿਊਬਵੈੱਲ ਲਗਾਉਣ ਦੇ ਪ੍ਰਾਜੈਕਟਾਂ ਦੀ ਸ਼ੁਰੂਆਤ ਕੀਤੀ। ਇਨ੍ਹਾਂ ਦੋਵਾਂ ਇਲਾਕਿਆਂ 'ਚ ਲਗਪਗ 12.50 ਲੱਖ ਰੁਪਏ ਦੀ ਲਾਗਤ ਨਾਲ 25 ਐਚ. ਪੀ. ਦੇ ਟਿਊਬਵੈੱਲ ਲਗਾਏ ਜਾਣਗੇ। ਇਸ ਤੋਂ ਇਲਾਵਾ ਵਿਧਾਇਕ ਪਰਾਸ਼ਰ ਨੇ ਹਰਚਰਨ ਨਗਰ 'ਚ ਕਰੀਬ 12.50 ਲੱਖ ਰੁਪਏ ਦੀ ਲਾਗਤ ਨਾਲ ਨਵੇਂ ਲਗਾਏ 25 ਐਚ. ਪੀ. ਟਿਊਬਵੈੱਲ ਦਾ ਉਦਘਾਟਨ ਵੀ ਕੀਤਾ। ਇਸ ਮੌਕੇ ਵਿਧਾਇਕ ਪਰਾਸ਼ਰ ਨੇ ਕਿਹਾ ਕਿ ਕੇਂਦਰੀ ਹਲਕੇ 'ਚ ਪਿਛਲੇ ਸਮੇਂ ਵਿਚ ਕਰੋੜਾਂ ਰੁਪਏ ਦੇ ਪ੍ਰਾਜੈਕਟ ਮੁਕੰਮਲ ਹੋ ਚੁੱਕੇ ਹਨ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਸੂਬੇ ਦੇ ਸਰਵਪੱਖੀ ਵਿਕਾਸ ਲਈ ਕੰਮ ਕਰ ਰਹੀ ਹੈ ਤੇ ਲੋਕਾਂ ਦੀ ਸਹੂਲਤ ਲਈ ਮਿਆਰੀ ਬੁਨਿਆਦੀ ਢਾਂਚਾ ਸਥਾਪਤ ਕੀਤਾ ਜਾ ਰਿਹਾ ਹੈ। ਉਨ੍ਹਾਂ ਨੇ ਹਲਕਾ ਵਾਸੀਆਂ ਦੇ ਲਗਾਤਾਰ ਸਹਿਯੋਗ ਦੀ ਸ਼ਲਾਘਾ ਕੀਤੀ।

'ਆਪ', ਕਾਂਗਰਸ ਤੇ ਅਕਾਲੀ ਦਲ ਦੇ ਆਗੂਆਂ ਦੇ ਨਿਰੰਤਰ ਭਾਜਪਾ 'ਚ ਸ਼ਾਮਿਲ ਹੋਣ ਨਾਲ ਦੂਜੀ ਸਿਆਸੀ ਪਾਰਟੀਆਂ 'ਚ ਪਾਈ ਜਾ ਰਹੀ ਹੈ ਨਮੋਸ਼ੀ

ਲੁਧਿਆਣਾ, 8 ਦਸੰਬਰ (ਭੁਪਿੰਦਰ ਸਿੰਘ ਬੈਂਸ)-ਜਿਉਂ-ਜਿਉਂ ਨਗਰ ਨਿਗਮ ਚੋਣਾਂ ਦਾ ਸਮਾਂ ਨੇੜੇ ਆਉਂਦਾ ਜਾ ਰਿਹਾ ਹੈ। ਸਿਆਸੀ ਪਾਰਟੀਆਂ 'ਚ ਗਤੀਵਿਧੀਆਂ ਤੇਜ਼ ਹੋਣ ਲੱਗ ਪਈਆਂ ਹਨ ਅਤੇ ਸਿਆਸੀ ਪਾਰਟੀਆਂ ਦੇ ਆਗੂਆਂ ਅਤੇ ਮੈਂਬਰਾਂ ਵਲੋਂ ਆਪਣੀਆਂ ਪਾਰਟੀਆਂ ਨੂੰ ਛੱਡ ਕੇ ਦੂਜੀ ਸਿਆਸੀ ਪਾਰਟੀਆਂ ਵਿਚ ਸ਼ਮੂਲੀਅਤ ਕੀਤੀ ਜਾ ਰਹੀ ਹੈ। ਦੂਜੀ ਪਾਰਟੀਆਂ ਦੇ ਆਗੂਆਂ ਤੇ ਮੈਂਬਰਾਂ ਨੂੰ ਪਾਰਟੀ ਵਿਚ ਸ਼ਾਮਿਲ ਕਰਨ ਦੇ ਮਾਮਲੇ ਵਿਚ ਭਾਜਪਾ ਸਭ ਤੋਂ ਮੋਹਰੀ ਚੱਲ ਰਹੀ ਹੈ, ਕਿਉਂਕਿ ਬੀਤੇ ਦਿਨਾਂ 'ਚ ਦੂਜੀ ਸਿਆਸੀ ਪਾਰਟੀਆਂ ਜਿਨ੍ਹਾਂ ਵਿਚ ਆਮ ਆਦਮੀ ਪਾਰਟੀ, ਕਾਂਗਰਸ ਤੇ ਅਕਾਲੀ ਦਲ ਬਾਦਲ ਸ਼ਾਮਿਲ ਹਨ। ਇਨ੍ਹਾਂ ਪਾਰਟੀਆਂ ਦੇ ਕਈ ਆਗੂ ਤੇ ਮੈਂਬਰ ਭਾਜਪਾ 'ਚ ਸ਼ਾਮਿਲ ਹੋ ਰਹੇ ਹਨ, ਜਿਸ ਨਾਲ ਜਿਥੇ ਭਾਜਪਾ ਮਜ਼ਬੂਤ ਹੁੰਦੀ ਹੋਈ ਨਜ਼ਰ ਆ ਰਹੀ ਹੈ, ਉਥੇ ਉਕਤ ਸਿਆਸੀ ਪਾਰਟੀਆਂ ਦੇ ਆਗੂਆਂ ਦੇ ਮੱਥਿਆਂ 'ਤੇ ਚਿੰਤਾ ਦੀਆਂ ਲਕੀਰਾਂ ਉਕਰਨ ਲੱਗ ਪਈਆਂ ਹਨ। ਹਾਲਾਂਕਿ ਆਮ ਆਦਮੀ ਪਾਰਟੀ ਦੀ ਮੌਜੂਦਾ ਸੂਬੇ 'ਚ ਸਰਕਾਰ ਹੈ, ਪਰ ਇਸ ਦੇ ਆਗੂ ਤੇ ਮੈਂਬਰ ਵੀ ਨਿਰੰਤਰ ਭਾਜਪਾ 'ਚ ਸ਼ਾਮਿਲ ਹੋ ਰਹੇ ਹਨ, ਜਿਸ ਨੂੰ ਲੈ ਕੇ 'ਆਪ' ਪਾਰਟੀ ਦੇ ਉੱਚ ਆਗੂਆਂ ਵਿਚ ਜ਼ਿਆਦਾ ਚਿੰਤਾ ਪਾਈ ਜਾ ਰਹੀ ਹੈ। ਉਥੇ ਹੀ ਭਾਵੇਂ ਕਾਂਗਰਸ ਵਲੋਂ ਸਭ ਤੋਂ ਪਹਿਲਾਂ ਆਪਣੀ ਉਮੀਦਵਾਰਾਂ ਦੀ ਪਹਿਲੀ ਸੂਚੀ ਜਾਰੀ ਕੀਤੀ ਜਾ ਰਹੀ ਹੈ, ਪਰ ਕਾਂਗਰਸ ਦੇ ਆਗੂ ਤੇ ਮੈਂਬਰ ਵੀ ਪਾਰਟੀ ਤੋਂ ਨਾਖ਼ੁਸ਼ ਚੱਲਦੇ ਹੋਏ ਦਿਖਾਈ ਦੇ ਰਹੇ ਹਨ ਤੇ ਉਹ ਵੀ ਭਾਜਪਾ 'ਚ ਸ਼ਾਮਿਲ ਹੋ ਰਹੇ ਹਨ। ਇਸ ਤੋਂ ਇਲਾਵਾ ਅਕਾਲੀ ਦਲ ਬਾਦਲ ਦਾ ਪਿਛਲੇ ਦਿਨੀਂ ਸੂਬੇ 'ਚ ਹੋਇਆ ਉਪ ਚੋਣਾਂ 'ਚ ਨਾ ਲੜਨ ਦਾ ਫ਼ੈਸਲਾ ਵੀ ਇਸ ਲਈ ਮਹਿੰਗਾ ਪੈ ਰਿਹਾ ਸਾਬਤ ਹੋ ਰਿਹਾ ਹੈ ਤੇ ਇਸ ਦੇ ਆਗੂ ਵੀ ਭਾਜਪਾ 'ਚ ਸ਼ਾਮਿਲ ਹੋ ਰਹੇ ਹਨ। ਇਸ ਤੋਂ ਇਲਾਵਾ ਪਾਰਟੀ ਅੰਦਰਲੀ ਲੜਾਈ ਵੀ ਇਸ ਦੇ ਆਗੂਆਂ ਤੇ ਮੈਂਬਰਾਂ ਨੂੰ ਭਾਜਪਾ ਵੱਲ ਜਾਣ ਵਿਚ ਅਹਿਮ ਰੋਲ ਅਦਾ ਕਰ ਰਹੀ ਹੈ। ਇਸ ਤੋਂ ਇਲਾਵਾ ਆਪ ਪਾਰਟੀ ਦੇ ਵਲੰਟੀਅਰਾਂ 'ਚ ਵੀ ਟਿਕਟਾਂ ਦੀ ਵੰਡ ਨੂੰ ਲੈ ਕੇ 'ਆਪ' ਦੇ ਵਿਧਾਇਕਾਂ ਦੇ ਹੱਥ ਵਿਚ ਜ਼ਿਆਦਾ ਤਾਕਤ ਹੋਣ ਕਾਰਨ ਅੰਦਰਖਾਤੇ ਪਾਰਟੀ 'ਚ ਇਸ ਦਾ ਵਿਰੋਧ ਕੀਤਾ ਜਾ ਰਿਹਾ ਹੈ ਤੇ ਭਾਜਪਾ ਵੱਲ ਰੁੱਖ ਕੀਤਾ ਜਾ ਰਿਹਾ ਹੈ।

ਸਾਈਂ ਪਬਲਿਕ ਸਕੂਲ ਵਿਖੇ ਸ੍ਰੀ ਸੱਤਿਆ ਸਾਈਂ ਬਾਬਾ ਦੇ ਜਨਮ ਦਿਹਾੜੇ ਮੌਕੇ ਕੇਕ ਕੱਟਦੇ ਹੋਏ ਪ੍ਰਧਾਨ ਡਾ. ਦੀਪਕ ਮੰਨਣ, ਡਾਇਰੈਕਟਰ ਮੈਡਮ ਸਰੋਜ ਮੰਨਣ ਤੇ ਹੋਰ। ਤਸਵੀਰ : ਕੁਲਵੰਤ ਸਿੰਘ ਸੱਪਲ

ਸ੍ਰੀ ਸੱਤਿਆ ਸਾਈਂ ਬਾਬਾ ਦਾ ਜਨਮ ਦਿਹਾੜਾ ਮਨਾਇਆ

ਡਾਬਾ/ਲੁਹਾਰਾ, 8 ਦਸੰਬਰ (ਕੁਲਵੰਤ ਸਿੰਘ ਸੱਪਲ)-ਸਥਾਨਕ ਸਾਈਂ ਪਬਲਿਕ ਸੀਨੀਅਰ ਸੈਕੰਡਰੀ ਸਕੂਲ 'ਚ ਸ੍ਰੀ ਸੱਤਿਆ ਸਾਈਂ ਬਾਬਾ ਦਾ ਜਨਮ ਦਿਨ ਧਾਰਮਿਕ ਸ਼ਰਧਾ ਨਾਲ ਮਨਾਇਆ ਗਿਆ। ਇਸ ਮੌਕੇ ਸਕੂਲ 'ਚ ਧਾਰਮਿਕ ਪ੍ਰੋਗਰਾਮ ਦਾ ਆਯੋਜਨ ਕੀਤਾ। ਸਕੂਲ ਦੇ ਵਿਦਿਆਰਥੀਆਂ ਦੁਆਰਾ ਸ੍ਰੀ ਸੱਤਿਆ ਸਾਈਂ ਬਾਬਾ ਦੇ ਰਮਣੀਕ ਭਜਨਾਂ ਦਾ ਗਾਇਣ ਕੀਤਾ। ਇਸ ਮੌਕੇ ਸਕੂਲ ਦੀ ਪ੍ਰਬੰਧਕ ਕਮੇਟੀ ਵਲੋਂ ਕੁਲਚੇ ਛੋਲਿਆਂ ਦਾ ਲੰਗਰ ਲਗਾਇਆ ਅਤੇ ਕੇਕ ਕੱਟ ਕੇ ਸ੍ਰੀ ਸੱਤਿਆ ਸਾਈਂ ਬਾਬਾ ਦੇ ਜਨਮ ਦਿਨ ਦੀ ਖ਼ੁਸ਼ੀ ਮਨਾਈ ਗਈ। ਸਕੂਲ ਦੇ ਪ੍ਰਿੰਸੀਪਲ ਮੈਡਮ ਪਵਨਪ੍ਰੀਤ ਕੌਰ ਨੇ ਵਿਦਿਆਰਥੀਆਂ ਨੂੰ ਸ੍ਰੀ ਸੱਤਿਆ ਸਾਈਂ ਬਾਬਾ ਦੇ ਜੀਵਨ ਬਾਰੇ ਜਾਣਕਾਰੀ ਦਿੰਦਿਆਂ ਕਿਹਾ ਕਿ ਸੱਤਿਆ ਸਾਈਂ ਬਾਬਾ ਨੇ ਆਪਣਾ ਸਾਰਾ ਜੀਵਨ ਨਿਸ਼ਕਾਮ ਸੇਵਾ ਕਰਦਿਆਂ ਬਤੀਤ ਕੀਤਾ। ਸਕੂਲ ਦੇ ਪ੍ਰਧਾਨ ਡਾ. ਦੀਪਕ ਮੰਨਣ ਤੇ ਡਾਇਰੈਕਟਰ ਮੈਡਮ ਸਰੋਜ ਮੰਨਣ ਨੇ ਸਮੂਹ ਅਧਿਆਪਕ ਸਾਹਿਬਾਨ ਅਤੇ ਵਿਦਿਆਰਥੀਆਂ ਨੂੰ ਸ੍ਰੀ ਸੱਤਿਆ ਸਾਈਂ ਬਾਬਾ ਦੇ ਜਨਮ ਦਿਨ ਦੀ ਵਧਾਈ ਦਿੱਤੀ।

ਸ਼ਾਰਪ ਮਾਡਲ ਸੀਨੀਅਰ ਸੈਕੰਡਰੀ ਸਕੂਲ ਦੇ ਵਿਦਿਆਰਥੀ ਤੇ ਅਧਿਆਪਕ ਧਾਰਮਿਕ ਟੂਰ ਯਾਦਗਾਰੀ ਤਸਵੀਰ ਕਰਵਾਉਂਦੇ ਹੋਏ। ਅਜੀਤ ਤਸਵੀਰ

ਸ਼ਾਰਪ ਮਾਡਲ ਸੀਨੀਅਰ ਸੈਕੰਡਰੀ ਸਕੂਲ ਦੇ ਵਿਦਿਆਰਥੀਆਂ ਦਾ ਧਾਰਮਿਕ ਟੂਰ

ਡਾਬਾ/ਲੁਹਾਰਾ, 8 ਦਸੰਬਰ (ਕੁਲਵੰਤ ਸਿੰਘ ਸੱਪਲ)-ਸ਼ਾਰਪ ਮਾਡਲ ਸੀਨੀਅਰ ਸੈਕੰਡਰੀ ਸਕੂਲ, ਗਲੀ ਨੰਬਰ 1/4, ਕਬੀਰ ਨਗਰ, ਕੋਟ ਮੰਗਲ ਸਿੰਘ ਨਗਰ ਵਲੋਂ ਬੱਚਿਆਂ ਨੂੰ ਇਤਿਹਾਸਿਕ ਸਥਾਨਾਂ ਦੀ ਯਾਤਰਾ ਕਰਵਾਈ ਗਈ। ਸਵੇਰੇ ਵੇਲੇ ਪਰਮਾਤਮਾ ਦਾ ਓਟ ਆਸਰਾ ਲੈ ਕੇ ਬੱਸਾਂ ਰਵਾਨਾ ਹੋਈਆਂ। ਸਭ ਤੋਂ ਪਹਿਲਾਂ ਬੱਚਿਆਂ ਨੂੰ ਸ੍ਰੀ ਨੈਣਾਂ ਦੇਵੀ ਮੰਦਿਰ ਦੇ ਦਰਸ਼ਨ ਕਰਵਾਏ ਗਏ। ਇਸ ਮੌਕੇ ਬੱਚਿਆਂ ਨੂੰ ਡਾਇਰੈਕਟਰ ਸੁਖਪਾਲ ਸਿੰਘ ਸਰਾਓ ਨੇ ਦੱਸਿਆ ਕਿ ਇਹ ਮੰਦਰ ਹਿਮਾਚਲ ਪ੍ਰਦੇਸ਼ ਦੇ ਜ਼ਿਲ੍ਹਾ ਬਿਲਾਸਪੁਰ ਵਿਚ ਸਥਿਤ ਹੈ। ਇਸ ਤਰ੍ਹਾਂ ਸ੍ਰੀ ਨੈਣਾਂ ਦੇਵੀ ਮੰਦਰ ਵੀ 64 ਸ਼ਕਤੀ ਪੀਠਾਂ ਵਿਚ ਸ਼ਾਮਿਲ ਹੈ। ਉਸ ਤੋਂ ਬਾਅਦ ਬੱਚਿਆਂ ਦੀਆਂ ਬੱਸਾਂ ਵਿਰਾਸਤ-ਏ-ਖ਼ਾਲਸਾ ਲਈ ਰਵਾਨਾ ਹੋਈਆਂ। ਫਿਰ ਬੱਚਿਆਂ ਨੂੰ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਦਰਸ਼ਨ ਕਰਵਾਏ ਗਏ। ਉਥੋਂ ਦੇ ਇਤਿਹਾਸ ਬਾਰੇ ਵੀ ਜਾਣਕਾਰੀ ਦਿੱਤੀ ਗਈ ਕਿ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਖ਼ਾਲਸਾ ਦਾ ਜਨਮ ਸਥਾਨ ਹੈ ਜੋ ਪੰਜਾਬ ਦੇ ਅਨੰਦਪੁਰ ਸਾਹਿਬ 'ਚ ਸਥਿਤ ਹੈ। ਇਸ ਮੌਕੇ ਬੱਚਿਆਂ ਨੂੰ ਹੋਰ ਵੀ ਸਥਾਨਾਂ ਦੇ ਦਰਸ਼ਨ ਕਰਵਾਏ ਗਏ। ਬੱਚਿਆਂ ਨੂੰ ਵਾਪਸੀ ਸਮੇਂ ਰੈਸਟੋਰੈਂਟ 'ਚ ਖਾਣਾ ਵੀ ਖਵਾਇਆ ਗਿਆ। ਇਸ ਇਤਿਹਾਸਿਕ ਯਾਤਰਾ ਦੌਰਾਨ ਸਕੂਲ ਦੇ ਡਾਇਰੈਕਟਰ ਸੁਖਪਾਲ ਸਿੰਘ ਸਰਾਉਂ, ਪ੍ਰਿੰਸੀਪਲ ਰੋਬਿਨਪ੍ਰੀਤ ਸਿੰਘ ਸਰਾਉਂ ਤੇ ਸਕੂਲ ਦੇ ਸਾਰੇ ਅਧਿਆਪਕ ਸ਼ਾਮਿਲ ਸਨ। ਵਿਦਿਆਰਥੀਆਂ ਨੇ ਇਸ ਯਾਤਰਾ ਦਾ ਬਹੁਤ ਆਨੰਦ ਮਾਣਿਆ।

ਨਗਰ ਨਿਗਮ ਕਮਿਸ਼ਨਰ ਅਦਿੱਤਿਆ ਡੇਚਲਵਾਲ ਨਗਰ ਨਿਗਮ ਦੇ ਵੱਖ-ਵੱਖ ਸ਼ਾਖਾਵਾਂ ਦੇ ਅਧਿਕਾਰੀਆਂ ਨਾਲ ਵਿਕਾਸ ਕੰਮਾਂ ਤੇ ਸਫ਼ਾਈ ਪ੍ਰਬੰਧਾਂ ਨੂੰ ਲੈ ਕੇ ਚਰਚਾ ਕਰਦੇ ਹੋਏ। ਤਸਵੀਰ : ਸੇਵਕ ਸਿੰਘ

ਨਗਰ ਨਿਗਮ ਕਮਿਸ਼ਨਰ ਡੇਚਲਵਾਲ ਵਲੋਂ ਵਿਕਾਸ ਕੰਮਾਂ ਤੇ ਸਫ਼ਾਈ ਪ੍ਰਬੰਧਾਂ ਬਾਰੇ ਅਧਿਕਾਰੀਆਂ ਨਾਲ ਬੈਠਕ

ਲੁਧਿਆਣਾ, 8 ਦਸੰਬਰ (ਜਗਮੀਤ ਸਿੰਘ)-ਨਗਰ ਨਿਗਮ ਕਮਿਸ਼ਨਰ ਅਦਿੱਤਿਆ ਡੇਚਲਵਾਲ ਨੇ ਸ਼ਹਿਰ 'ਚ ਸਫ਼ਾਈ ਨੂੰ ਯਕੀਨੀ ਬਣਾਉਣ ਅਤੇ ਵਿਕਾਸ ਕਾਰਜਾਂ ਵਿਚ ਤੇਜ਼ੀ ਲਿਆਉਣ ਲਈ ਅਧਿਕਾਰੀਆਂ ਨੂੰ ਸਖ਼ਤ ਹਦਾਇਤਾਂ ਜਾਰੀ ਕਰਦਿਆਂ ਮੰਗਲਵਾਰ ਜ਼ੋਨ-ਡੀ ਦਫ਼ਤਰ ਵਿਖੇ ਵੱਖ-ਵੱਖ ਸ਼ਾਖਾਵਾਂ ਦੇ ਅਧਿਕਾਰੀਆਂ ਨਾਲ ਸਮੀਖਿਆ ਮੀਟਿੰਗ ਕੀਤੀ। ਡੇਚਲਵਾਲ ਨੇ ਉਨ੍ਹਾਂ ਨੂੰ ਚੱਲ ਰਹੇ ਵਿਕਾਸ ਕਾਰਜਾਂ ਵਿਚ ਤੇਜ਼ੀ ਲਿਆਉਣ ਦੇ ਨਿਰਦੇਸ਼ ਦਿੰਦੇ ਹੋਏ ਬੀ. ਐਂਡ ਆਰ. ਵਿਭਾਗ ਦੇ ਸੰਬੰਧਿਤ ਅਧਿਕਾਰੀਆਂ ਨੂੰ ਆਪਣੇ-ਆਪਣੇ ਖੇਤਰਾਂ ਵਿਚ ਚੱਲ ਰਹੇ ਸੜਕਾਂ ਦੀ ਮੁਰੰਮਤ ਦੇ ਕੰਮਾਂ ਦੀ ਰੋਜ਼ਾਨਾ ਰਿਪੋਰਟ ਪੇਸ਼ ਕਰਨ ਦੇ ਨਿਰਦੇਸ਼ ਦਿੱਤੇ। ਇਸ ਮੌਕੇ ਨਗਰ ਨਿਗਮ ਦੇ ਸੰਯੁਕਤ ਕਮਿਸ਼ਨਰ ਅੰਕੁਰ ਮਹਿੰਦਰੂ, ਸੰਯੁਕਤ ਕਮਿਸ਼ਨਰ-ਕਮ-ਜ਼ੋਨਲ ਕਮਿਸ਼ਨਰ (ਜ਼ੋਨ-ਡੀ) ਅਭਿਸ਼ੇਕ ਸ਼ਰਮਾ, ਸਹਾਇਕ ਕਮਿਸ਼ਨਰ-ਕਮ-ਜ਼ੋਨਲ ਕਮਿਸ਼ਨਰ (ਜ਼ੋਨ-ਬੀ) ਨੀਰਜ ਜੈਨ, ਸਹਾਇਕ ਕਮਿਸ਼ਨਰ-ਕਮ-ਜ਼ੋਨਲ ਕਮਿਸ਼ਨਰ (ਜ਼ੋਨ-ਸੀ) ਗੁਰਪਾਲ ਸਿੰਘ, ਚੀਫ਼ ਇੰਜੀ. ਰਵਿੰਦਰ ਗਰਗ, ਸੁਪਰਡੈਂਟ ਇੰਜੀਨੀਅਰ ਪਰਵੀਨ ਸਿੰਗਲਾ, ਸੁਰਿੰਦਰ ਸਿੰਘ, ਸੰਜੇ ਕੰਵਰ, ਰਣਜੀਤ ਸਿੰਘ, ਸ਼ਾਮ ਲਾਲ ਗੁਪਤਾ, ਸੀ. ਐਸ. ਓ. ਅਸ਼ਵਨੀ ਸਹੋਤਾ ਸਮੇਤ ਹੋਰ ਅਧਿਕਾਰੀ ਮੀਟਿੰਗ ਵਿਚ ਹਾਜ਼ਰ ਸਨ। ਡੇਚਲਵਾਲ ਨੇ ਕਿਹਾ ਕਿ ਅਧਿਕਾਰੀ ਰੋਜ਼ਾਨਾ ਦੇ ਆਧਾਰ 'ਤੇ ਚੱਲ ਰਹੇ ਵਿਕਾਸ ਕਾਰਜਾਂ ਦਾ ਜਾਇਜ਼ਾ ਲੈਣ ਤੇ ਸਾਫ਼-ਸਫ਼ਾਈ ਲਈ ਫ਼ੀਲਡ ਵਿਚ ਜਾਣ, ਸਫ਼ਾਈ ਸੇਵਕਾਂ ਦੀ ਹਾਜ਼ਰੀ ਨਿਯਮਤ ਤੌਰ 'ਤੇ ਚੈੱਕ ਕੀਤੀ ਜਾਵੇ। ਸਫ਼ਾਈ ਮੁਹਿੰਮਾਂ ਨੂੰ ਹੋਰ ਤੇਜ਼ ਕਰਨ ਅਤੇ ਜ਼ੋਨਲ ਕਮਿਸ਼ਨਰਾਂ ਨੂੰ ਵਸਨੀਕਾਂ ਤੋਂ ਫੀਡ ਬੈਕ ਲੈਣ ਦੇ ਨਿਰਦੇਸ਼ ਦਿੱਤੇ ਗਏ ਹਨ। ਨਿਗਮ ਕਮਿਸ਼ਨਰ ਡੇਚਲਵਾਲ ਨੇ ਦੱਸਿਆ ਕਿ ਉਨ੍ਹਾਂ ਵਲੋਂ ਜ਼ਮੀਨੀ ਪੱਧਰ 'ਤੇ ਸਥਿਤੀ ਦਾ ਜਾਇਜ਼ਾ ਲੈਣ ਲਈ ਸ਼ਹਿਰ ਦੇ ਵੱਖ-ਵੱਖ ਹਿੱਸਿਆਂ ਦਾ ਨਿਰੀਖਣ ਵੀ ਕੀਤਾ ਜਾ ਰਿਹਾ ਹੈ।

'ਆਪ' ਆਗੂਆਂ ਨੂੰ ਭਾਜਪਾ 'ਚ ਸ਼ਾਮਿਲ ਕਰਦੇ ਹੋਏ ਰਜਨੀਸ਼ ਧੀਮਾਨ ਤੇ ਹੋਰ। ਅਜੀਤ ਤਸਵੀਰ

'ਆਪ' ਆਗੂ, ਭਾਜਪਾ 'ਚ ਹੋਏ ਸ਼ਾਮਿਲ

ਲੁਧਿਆਣਾ, 8 ਦਸੰਬਰ (ਭੁਪਿੰਦਰ ਸਿੰਘ ਬੈਂਸ)-ਭਾਜਪਾ ਦੇ ਦੁੱਗਰੀ ਸਥਿਤ ਦਫ਼ਤਰ ਵਿਖੇ ਜ਼ਿਲ੍ਹਾ ਪ੍ਰਧਾਨ ਰਜਨੀਸ਼ ਧੀਮਾਨ ਦੀ ਅਗਵਾਈ ਹੇਠ ਇਕ ਸਮਾਗਮ ਕਰਵਾਇਆ ਗਿਆ। ਜਿਸ 'ਚ ਹਲਕਾ ਆਤਮ ਨਗਰ ਤੋਂ ਆਮ ਆਦਮੀ ਪਾਰਟੀ ਦੇ ਟਰੇਡ ਵਿੰਗ ਦੇ ਸਕੱਤਰ ਜਗਤਾਰ ਸਿੰਘ, ਵਾਰਡ ਪ੍ਰਧਾਨ ਰਵਿੰਦਰ ਸਿੰਘ, ਮੈਂਬਰ ਸੰਤੋਖ ਸਿੰਘ ਤੇ ਸਵਰਨ ਸਿੰਘ ਭਾਜਪਾ 'ਚ ਸ਼ਾਮਿਲ ਹੋਏ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਰਜਨੀਸ਼ ਧੀਮਾਨ ਵਲੋਂ ਉਕਤ ਆਗੂਆਂ ਨੂੰ ਪਾਰਟੀ 'ਚ ਸ਼ਾਮਿਲ ਕੀਤਾ। ਇਸ ਮੌਕੇ ਧੀਮਾਨ ਨੇ ਕਿਹਾ ਕਿ ਪੰਜਾਬ ਨੂੰ ਬਦਲਣ ਦਾ ਨਾਅਰਾ ਦੇਣ ਵਾਲੀ ਆਪ ਅੱਜ ਦੇਸ਼ ਦੀ ਸਭ ਤੋਂ ਵੱਡੀ ਭ੍ਰਿਸ਼ਟ ਪਾਰਟੀ ਬਣ ਚੁੱਕੀ ਹੈ। ਇਸ ਮੌਕੇ ਯਸ਼ਪਾਲ ਜਨੋਤਰਾ, ਡਾ. ਨਿਰਮਲ ਨਈਅਰ, ਮਨੀਸ਼ ਚੋਪੜਾ, ਪੰਕਜ ਜੈਨ, ਨਵਲ ਜੈਨ, ਪ੍ਰਵੀਨ ਸ਼ਰਮਾ, ਸੁਰੇਂਦਰ ਕੌਸ਼ਲ ਆਦਿ ਮੌਜੂਦ ਸਨ।

ਕਲਾ ਪ੍ਰਦਰਸ਼ਨੀ 'ਚ ਪਹੁੰਚੇ ਮਹਿਮਾਨ ਬਬਲੀ ਸਿੰਘ ਨੂੰ ਸਨਮਾਨਿਤ ਕਰਦੇ ਹੋਏ ਕਾਲਜ ਪ੍ਰਬੰਧਕ। ਅਜੀਤ ਤਸਵੀਰ

ਮਾਲਵਾ ਸੈਂਟਰਲ ਕਾਲਜ 'ਚ ਲੱਗੀ ਕਲਾ ਪ੍ਰਦਰਸ਼ਨੀ

ਲੁਧਿਆਣਾ, 8 ਦਸੰਬਰ (ਜਸਵਿੰਦਰ ਸਿੰਘ)-ਮਾਲਵਾ ਸੈਂਟਰਲ ਕਾਲਜ ਆਫ਼ ਐਜੂਕੇਸ਼ਨ ਫਾਰ ਵੂਮੈਨ ਨੇ ਪੇਂਟਿੰਗ, ਮੂਰਤੀ ਕਲਾ ਤੇ ਮਿੱਟੀ ਦੇ ਬਰਤਨਾਂ 'ਚ ਵਿਦਿਆਰਥੀਆਂ ਦੀ ਪ੍ਰਤਿਭਾ ਨੂੰ ਪ੍ਰਦਰਸ਼ਿਤ ਕਰਨ ਵਾਲੀ ਇਕ ਕਲਾ ਪ੍ਰਦਰਸ਼ਨੀ ਦੀ ਮੇਜ਼ਬਾਨੀ ਕੀਤੀ। ਸਮਾਗਮ ਦਾ ਉਦਘਾਟਨ ਬਬਲੀ ਸਿੰਘ ਤੇ ਮੁਕਤੀ ਗਿੱਲ ਨੇ ਕੀਤਾ। ਪ੍ਰਦਰਸ਼ਨੀ ਨੇ ਫੈਕਲਟੀ, ਵਿਦਿਆਰਥੀਆਂ ਤੇ ਕਲਾ ਪ੍ਰੇਮੀਆਂ ਨੂੰ ਆਕਰਸ਼ਿਤ ਕੀਤਾ ਅਤੇ ਵਿਦਿਆਰਥੀਆਂ ਨੂੰ ਆਪਣੇ ਕੰਮ ਨੂੰ ਪ੍ਰਦਰਸ਼ਿਤ ਕਰਨ ਤੇ ਦਰਸ਼ਕਾਂ ਨਾਲ ਜੁੜਨ ਲਈ ਇਕ ਪਲੇਟਫਾਰਮ ਦੀ ਪੇਸ਼ਕਸ਼ ਕੀਤੀ। ਸਮਕਾਲੀ ਤੇ ਪਰੰਪਰਾਗਤ ਪਹੁੰਚਾਂ ਦੇ ਮਿਸ਼ਰਣ ਦੇ ਨਾਲ, ਇਵੈਂਟ ਨੇ ਕਾਲਜ ਦੇ ਜੀਵੰਤ ਕਲਾਤਮਕ ਭਾਈਚਾਰੇ ਨੂੰ ਉਜਾਗਰ ਕੀਤਾ।

ਜਨਮ ਦਿਨ ਮੁਬਾਰਕ

ਸਹਿਜਪ੍ਰੀਤ ਕੌਰ

ਪਿਤਾ : ਖੁਸਦੇਵ ਸਿੰਘ ਨਾਭਾ/ਮਾਤਾ : ਸੰਦੀਪ ਕੌਰ

ਪਿੰਡ : ਸਹੌਲੀ, ਲੁਧਿਆਣਾ

ਵਰ੍ਹੇਗੰਢ

ਵਿਸ਼ਾਲ ਦਿਸਾਵਰ ਤੇ ਪਾਇਲ ਦਿਸਾਵਰ ਨੇ ਵਿਆਹ ਦੀ ਪਹਿਲੀ ਵਰ੍ਹੇਗੰਢ ਮਨਾਈ।

ਸਾਖਰਤਾ ਦਿਵਸ ਮਨਾਉਣ ਮੌਕੇ ਵਿਦਿਆਰਥੀਆਂ ਨੂੰ ਡਿਜੀਟਲ ਜਾਗਰੂਕਤਾ ਬਾਰੇ ਜਾਣਕਾਰੀ ਦਿੰਦੇ ਹੋਏ ਮਾਹਿਰ। ਅਜੀਤ ਤਸਵੀਰ

ਮਾਸਟਰ ਤਾਰਾ ਸਿੰਘ ਕਾਲਜ ਵਿਖੇ ਮਨਾਇਆ ਵਿਸ਼ਵ ਕੰਪਿਊਟਰ ਸਾਖਰਤਾ ਦਿਵਸ

ਲੁਧਿਆਣਾ, 8 ਦਸੰਬਰ (ਜਸਵਿੰਦਰ ਸਿੰਘ)-ਮਾਸਟਰ ਤਾਰਾ ਸਿੰਘ ਮੈਮੋਰੀਅਲ ਕਾਲਜ ਫ਼ਾਰ ਵੂਮੈਨ ਲੁਧਿਆਣਾ ਵਿਖੇ ਕੰਪਿਊਟਰ ਸਾਇੰਸ ਤੇ ਐਪਲੀਕੇਸ਼ਨ ਵਿਭਾਗ ਨੇ ਇੰਟਰਨਲ ਕੁਆਲਿਟੀ ਐਸ਼ੋਰੈਂਸ ਸੈੱਲ ਦੇ ਸਹਿਯੋਗ ਨਾਲ ਵਿਸ਼ਵ ਕੰਪਿਊਟਰ ਸਾਖਰਤਾ ਦਿਵਸ ਮਨਾਇਆ। ਸਮਾਗਮ ਦਾ ਉਦੇਸ਼ ਡਿਜੀਟਲ ਜਾਗਰੂਕਤਾ ਨੂੰ ਉਤਸ਼ਾਹਿਤ ਕਰਦਿਆਂ ਆਧੁਨਿਕ ਸੰਸਾਰ 'ਚ ਕੰਪਿਊਟਰ ਸਾਖਰਤਾ ਦੇ ਮਹੱਤਵ ਨੂੰ ਉਜਾਗਰ ਕਰਨਾ ਸੀ। ਵਿਭਾਗ ਮੁਖੀ ਕਰਨ ਮਦਾਨ ਨੇ ਇਸ ਮੌਕੇ ਕੰਪਿਊਟਰ ਸਾਖਰਤਾ ਦਿਵਸ ਦੇ ਮੁੱਖ ਉਦੇਸ਼ਾਂ ਬਾਰੇ ਭਾਸ਼ਣ ਦਿੰਦਿਆਂ ਡਿਜੀਟਲ ਵੰਡ ਨੂੰ ਪੂਰਾ ਕਰਨ ਲਈ ਇਸ ਦੀ ਭੂਮਿਕਾ 'ਤੇ ਜ਼ੋਰ ਦਿੱਤਾ। ਉਨ੍ਹਾਂ ਨੇ ਅੱਜ ਦੇ ਯੁੱਗ 'ਚ ਡਿਜੀਟਲ ਯੋਗਤਾ ਦੀ ਮਹੱਤਤਾ ਦੇ ਮੱਦੇਨਜ਼ਰ ਸਿੱਖਿਆ ਤੇ ਰੁਜ਼ਗਾਰ ਵਿਚ ਕੰਪਿਊਟਰ ਹੁਨਰਾਂ ਦੇ ਵਿਸ਼ਾਲ ਮੌਕਿਆਂ ਬਾਰੇ ਚਰਚਾ ਕੀਤੀ। ਇਸ ਤੋਂ ਇਲਾਵਾ ਆਨਲਾਈਨ ਬੈਂਕਿੰਗ ਸੇਵਾਵਾਂ ਦੇ ਵੱਧ ਰਹੇ ਪ੍ਰਸਾਰ ਬਾਰੇ ਸੰਬੋਧਿਤ ਕਰਦਿਆਂ ਆਨਲਾਈਨ ਬੈਂਕਿੰਗ ਧੋਖਾਧੜੀ ਤੋਂ ਬਚਣ ਬਾਰੇ ਵਿਹਾਰਕ ਸਲਾਹ ਵੀ ਪੇਸ਼ ਕੀਤੀ। ਇਸ ਮੌਕੇ ਵਿਦਿਆਰਥਣਾਂ ਦੇ ਮਾਤਾ-ਪਿਤਾ ਨੇ ਵੀ ਸ਼ਮੂਲੀਅਤ ਕੀਤੀ। ਕਾਲਜ ਪ੍ਰਿੰਸੀਪਲ ਡਾ. ਕਿਰਨਦੀਪ ਕੌਰ, ਕਾਲਜ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਤੇ ਹੋਰ ਮੈਂਬਰਾਂ ਨੇ ਅਜਿਹੇ ਸਾਰਥਿਕ ਉਪਰਾਲੇ ਲਈ ਵਿਭਾਗ ਦੇ ਸਮੂਹ ਸਟਾਫ਼ ਦੇ ਸਮਰਪਣ ਤੇ ਸਖ਼ਤ ਘਾਲਣਾ ਦੀ ਪ੍ਰਸ਼ੰਸਾ ਕਰਦਿਆਂ ਡਿਜੀਟਲ ਸਾਖਰਤਾ ਨੂੰ ਉਤਸ਼ਾਹਿਤ ਕਰਨ ਅਤੇ ਭਵਿੱਖ ਵਿਚ ਵੀ ਅਜਿਹੇ ਯਤਨ ਸਿਰਜਣ ਲਈ ਪ੍ਰੇਰਿਆ।

ਜੀ. ਐਨ. ਡੀ. ਈ. ਸੀ. ਵਿਖੇ ਅੰਤਰਰਾਸ਼ਟਰੀ ਫੈਕਲਟੀ ਡਿਵੈੱਲਪਮੈਂਟ ਪ੍ਰੋਗਰਾਮ ਦਾ ਆਗਾਜ਼

ਆਲਮਗੀਰ, 8 ਦਸੰਬਰ (ਜਰਨੈਲ ਸਿੰਘ ਪੱਟੀ)-ਸਥਾਨਕ ਗੁਰੂ ਨਾਨਕ ਦੇਵ ਇੰਜੀਨੀਅਰਿੰਗ ਕਾਲਜ (ਜੀ. ਐਨ. ਡੀ. ਈ. ਸੀ.) ਗਿੱਲ ਪਾਰਕ ਲੁਧਿਆਣਾ ਵਿਖੇ ਰੀਜਨਰੇਟਿਵ ਡਿਜ਼ਾਈਨ ਟਰਾਂਸੈਂਡਿੰਗ ਸਸਟੇਨੇਬਲਿਟੀ ਵਿਸ਼ੇ 'ਤੇ ਇਕ ਹਫ਼ਤੇ ਦੇ ਇੰਟਰਨੈਸ਼ਨਲ ਫੈਕਲਟੀ ਡਿਵੈਲਪਮੈਂਟ ਪ੍ਰੋਗਰਾਮ (ਐਫ਼. ਡੀ. ਪੀ.) ਦਾ ਆਗਾਜ਼ ਹੋਇਆ। ਉਕਤ ਪ੍ਰੋਗਰਾਮ ਸਿਵਲ ਇੰਜੀਨੀਅਰਿੰਗ ਵਿਭਾਗ ਅਤੇ ਜੀ. ਐਨ. ਡੀ. ਈ. ਸੀ. ਸਕੂਲ ਆਫ਼ ਆਰਕੀਟੈਕਚਰ ਦੁਆਰਾ ਬਲੂ ਪਲੈਨੇਟ, ਕੋਲਕਾਤਾ ਦੇ ਸਹਿਯੋਗ ਨਾਲ ਕਰਵਾਇਆ। ਇਸ ਮੌਕੇ ਡਾ. ਜਗਬੀਰ ਸਿੰਘ ਮੁਖੀ ਸਿਵਲ ਇੰਜੀਨੀਅਰਿੰਗ ਵਿਭਾਗ ਨੇ ਪ੍ਰੋਗਰਾਮ ਦੀ ਸੰਖੇਪ ਜਾਣਕਾਰੀ ਪ੍ਰਦਾਨ ਕਰਦੇ ਹੋਏ ਤਮਾਮ ਤਕਨੀਕੀ ਸੈਸ਼ਨਾਂ ਬਾਰੇ ਚਾਨਣਾ ਪਾਇਆ। ਪ੍ਰੋਗਰਾਮ ਦਾ ਅਧਿਕਾਰਕ ਤੌਰ 'ਤੇ ਉਦਘਾਟਨ ਜਤਿੰਦਰ ਜੋਰਵਾਲ ਆਈ. ਏ. ਐਸ. ਡਿਪਟੀ ਕਮਿਸ਼ਨਰ ਲੁਧਿਆਣਾ, ਡਾ. ਸਹਿਜਪਾਲ ਸਿੰਘ, ਪ੍ਰਿੰਸੀਪਲ ਜੀ. ਐਨ. ਡੀ. ਈ. ਸੀ. ਇੰਦਰਪਾਲ ਸਿੰਘ, ਡਾਇਰੈਕਟਰ ਨਨਕਾਣਾ ਸਾਹਿਬ ਐਜੂਕੇਸ਼ਨ ਟਰੱਸਟ, ਸੰਗੀਤਾ ਕਪੂਰ, ਸੀ. ਈ. ਓ. ਬਲੂ ਪਲੈਨੇਟ ਕੋਲਕਾਤਾ, ਨਵਲ ਕਿਸ਼ੋਰ ਸੀਨੀਅਰ ਟਾਊਨ ਪਲਾਨਰ, ਸ਼ਿਲਪਾ ਸਿਨਹਾ ਜ਼ੋਨਲ ਮੈਨੇਜਰ, ਸੰਜੇ ਗੋਇਲ, ਪ੍ਰਿੰਸੀਪਲ ਆਰਕੀਟੈਕਟ ਡਿਜ਼ਾਈਨੈਕਸ, ਜੀ. ਐਨ. ਡੀ. ਈ. ਸੀ. ਦੇ ਅਲੱਗ-ਅਲੱਗ ਵਿਭਾਗਾਂ ਦੇ ਮੁਖੀ ਤੇ ਡੀਨਜ਼ ਨੇ ਸਾਂਝੇ ਤੌਰ 'ਤੇ ਕੀਤਾ। ਇਸ ਮੌਕੇ ਡਾ. ਸਹਿਜਪਾਲ ਸਿੰਘ ਨੇ ਹਾਜ਼ਰ ਮਹਿਮਾਨਾਂ, ਮਾਹਰ ਸਪੀਕਰਾਂ ਤੇ ਭਾਗੀਦਾਰਾਂ ਨੂੰ ਜੀ ਆਇਆਂ ਕਿਹਾ। ਇਸ ਮੌਕੇ ਡੀ. ਸੀ. ਜੋਰਵਾਲ ਨੇ ਆਪਣੇ ਵਿਚਾਰ ਸਾਂਝਾ ਕਰਦਿਆਂ ਟੈਕਨੋਕਰੇਟਸ ਦੁਆਰਾ ਤਿਆਰ ਕੀਤੇ ਜਾ ਰਹੇ ਜਨਤਕ ਪ੍ਰਾਜੈਕਟਾਂ ਦੀ ਉਪਲਬਧਤਾ, ਪਹੁੰਚ ਯੋਗਤਾ ਅਤੇ ਸਮਰੱਥਾ ਪ੍ਰਦਾਨ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ। ਵਿਸ਼ੇਸ਼ ਤੌਰ 'ਤੇ ਗੱਲਬਾਤ ਕਰਦਿਆਂ ਨਵਲ ਕਿਸ਼ੋਰ ਨੇ ਸ਼ਹਿਰ ਦੀ ਯੋਜਨਾਬੰਦੀ ਦੀ ਮੌਜੂਦਾ ਸਥਿਤੀ ਬਾਰੇ ਜਾਣਕਾਰੀ ਸਾਂਝੀ ਕੀਤੀ। ਐਫ਼. ਡੀ. ਪੀ. ਸੈਸ਼ਨਾਂ ਦੀ ਅਗਵਾਈ ਬਲੂ ਪਲੈਨੇਟ ਤੋਂ ਸੰਗੀਤਾ ਕਪੂਰ ਵਲੋਂ ਅੰਤਰਰਾਸ਼ਟਰੀ ਮਾਹਰਾਂ ਕ੍ਰੇਗ ਗ੍ਰਿਫਿਥਸ, ਲੌਰੇਂਟ ਫੋਰਨੀਅਰ, ਨੂਨੋ ਡਾ. ਸਿਲਵਾ, ਡੇਨਿਸ ਡੇਲੂਕਾ, ਰਾਸ਼ਟਰੀ ਮਾਹਰ ਆਰਕੀਟੈਕਟ ਰਾਜਪਾਲ ਸਿੰਘ, ਆਰਕੀਟੈਕਟ ਸੰਜੇ ਪ੍ਰਕਾਸ਼ ਵਲੋਂ ਕੀਤੀ ਗਈ। ਵਰਕਸ਼ਾਪ 'ਚ ਭਾਗੀਦਾਰਾਂ ਨੂੰ ਨਿਰਧਾਰਿਤ ਵਿਸ਼ੇ 'ਤੇ ਸੰਖੇਪ ਜਾਣਕਾਰੀ ਪ੍ਰਦਾਨ ਕਰਨ ਲਈ ਪ੍ਰੈਕਟੀਕਲ ਗਤੀਵਿਧੀਆਂ ਅਤੇ ਟੀਮ ਆਧਾਰਿਤ ਅਭਿਆਸ ਵੀ ਸ਼ਾਮਿਲ ਕੀਤੇ ਗਏ। ਆਰਕੀਟੈਕਟ ਆਕਾਂਕਸ਼ਾ ਸ਼ਰਮਾ, ਜੀ. ਐਨ. ਡੀ. ਈ. ਸੀ. ਸਕੂਲ ਆਫ਼ ਆਰਕੀਟੈਕਚਰ ਦੇ ਮੁਖੀ ਨੇ ਵਿਚਾਰ ਸਾਂਝਾ ਕਰਦਿਆਂ ਡਿਜ਼ਾਈਨ 'ਚ ਸਥਿਰਤਾ ਦੀ ਮਹੱਤਤਾ 'ਤੇ ਜ਼ੋਰ ਦਿੱਤਾ ਅਤੇ ਰਸਮੀ ਧੰਨਵਾਦ ਦੇ ਨਾਲ ਉਦਘਾਟਨੀ ਦਿਨ ਦੀ ਸਮਾਪਤੀ ਵੀ ਕੀਤੀ।

ਮੁੱਖ ਮਹਿਮਾਨਾਂ ਤੇ ਭਾਗੀਦਾਰਾਂ ਨਾਲ ਟਰੱਸਟ ਡਾਇਰੈਕਟਰ ਇੰਦਰਪਾਲ ਸਿੰਘ, ਕਾਲਜ ਪ੍ਰਿੰਸੀਪਲ ਡਾ. ਸਹਿਜਪਾਲ ਸਿੰਘ ਤੇ ਹੋਰ। ਤਸਵੀਰ : ਜਰਨੈਲ ਸਿੰਘ ਪੱਟੀ

ਸਿਹਤ ਵਿਭਾਗ ਦੇ ਜ਼ਿਲ੍ਹਾ ਬੀ. ਸੀ. ਸੀ. ਕੋਆਰਡੀਨੇਟਰ ਬਰਜਿੰਦਰ ਸਿੰਘ ਬਰਾੜ ਸਕੂਲੀ ਬੱਚਿਆਂ ਨੂੰ ਡੇਂਗੂ ਸੰਬੰਧੀ ਜਾਗਰੂਕ ਕਰਦੇ ਹੋਏ। ਅਜੀਤ ਤਸਵੀਰ

ਸਿਹਤ ਵਿਭਾਗ ਦੇ ਮਾਸ ਮੀਡੀਆ ਵਿੰਗ ਵਲੋਂ ਵੱਖ-ਵੱਖ ਸਕੂਲਾਂ 'ਚ ਜਾਗਰੂਕਤਾ ਸੈਮੀਨਾਰ

ਲੁਧਿਆਣਾ, 8 ਦਸੰਬਰ (ਡਾ. ਤਰਲੋਚਨ ਸਿੰਘ)-ਸਿਵਲ ਸਰਜਨ ਡਾ. ਪ੍ਰਦੀਪ ਕੁਮਾਰ ਮਹਿੰਦਰਾ ਦੀ ਅਗਵਾਈ ਹੇਠ ਸਿਹਤ ਵਿਭਾਗ ਦੇ ਮਾਸ ਮੀਡੀਆ ਵਿੰਗ ਵਲੋਂ ਡੇਂਗੂ ਵਿਰੁੱਧ ਚਲਾਈ ਮੁਹਿੰਮ ਤਹਿਤ ਕਲਗੀਧਰ ਖ਼ਾਲਸਾ ਗਰਲਜ਼ ਸੀਨੀਅਰ ਸੈਕੰਡਰੀ ਸਕੂਲ ਤੇ ਖ਼ਾਲਸਾ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵਿਖੇ ਵਿਦਿਆਰਥੀਆਂ ਨੂੰ ਜਾਗਰੂਕ ਕੀਤਾ। ਇਸ ਮੌਕੇ ਜ਼ਿਲ੍ਹਾ ਬੀ. ਸੀ. ਸੀ. ਕੋਆਰਡੀਨੇਟਰ ਬਰਜਿੰਦਰ ਸਿੰਘ ਬਰਾੜ ਨੇ ਵਿਦਿਆਰਥੀਆਂ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਡੇਂਗੂ ਦਾ ਮੱਛਰ ਕੂਲਰਾਂ, ਗਮਲਿਆਂ, ਫ਼ਰਿਜਾਂ ਦੇ ਪਿਛਲੇ ਪਾਸੇ ਲੱਗੀਆਂ ਟਰੇਆਂ ਦੇ ਖੜ੍ਹੇ ਪਾਣੀ ਵਿਚ ਪੈਦਾ ਹੁੰਦਾ ਹੈ। ਇਸ ਦੇ ਬਚਾਅ ਲਈ ਸਿਹਤ ਵਿਭਾਗ ਵਲੋਂ ਹਰ ਸ਼ੁੱਕਰਵਾਰ ਡੇਂਗੂ 'ਤੇ ਵਾਰ ਦੇ ਤੌਰ 'ਤੇ ਦਿਨ ਮਨਾਇਆ ਜਾਂਦਾ ਹੈ। ਜੇਕਰ ਕਿਸੇ ਵਿਅਕਤੀ ਨੂੰ ਤੇਜ਼ ਬੁਖਾਰ, ਸਿਰ ਦਰਦ, ਮਾਸ ਪੇਸ਼ੀਆਂ 'ਚ ਦਰਦ, ਚਮੜੀ 'ਤੇ ਦਾਣੇ ਹੋਣਾ, ਅੱਖਾਂ ਦੇ ਪਿਛਲੇ ਪਾਸੇ ਦਰਦ, ਮਸੂੜਿਆਂ ਅਤੇ ਨੱਕ ਵਿਚੋਂ ਖ਼ੂਨ ਦਾ ਵਗਣਾ ਆਦਿ ਦੇ ਲੱਛਣ ਹੋਣ ਤਾਂ ਉਸ ਨੂੰ ਡੇਂਗੂ ਹੋ ਸਕਦਾ ਹੈ। ਜੇਕਰ ਕਿਸੇ ਵਿਅਕਤੀ 'ਚ ਅਜਿਹੇ ਲੱਛਣ ਪਾਏ ਜਾਂਦੇ ਹਨ ਤਾਂ ਉਹ ਨੇੜੇ ਦੇ ਸਰਕਾਰੀ ਹਸਪਤਾਲ ਵਿਚ ਜਾ ਕੇ ਆਪਣੀ ਮੁਫ਼ਤ ਜਾਂਚ ਤੇ ਇਲਾਜ ਕਰਵਾ ਸਕਦਾ ਹੈ। ਇਸ ਮੌਕੇ ਸਕੂਲ ਅਧਿਆਪਕ ਤੇ ਹੋਰ ਸਟਾਫ਼ ਹਾਜ਼ਰ ਸੀ।